# ਦਫ਼ਤਰ ਚੋਣਕਾਰ ਰਜਿਸਟਰੇਸ਼ਨ ਅਫ਼ਸਰ

091 ਭੁੱਚੋ ਮੰਡੀ ਵਿਧਾਨ ਸਭਾ ਹਲਕਾ (ਅ.ਜ.)-ਕਮ-ਸਕੱਤਰ ਰਿਜਨਲ ਟਰਾਂਸਪੋਰਟ ਅਥਾਰਟੀ, ਬਠਿੰਡਾ

ਕਮਰਾ ਨੰ:242-ਈ, ਪਹਿਲੀ ਮੰਜਿਲ, ਮਿੰਨੀ ਸਕੱਤਰੇਤ, ਬਠਿੰਡਾ।

email:-ero-91@punjab.gov.in


ਜਿੰਮੇਵਾਰ ਬਣੋ, ਵੋਟਰ ਬਣੋ ਜਿੰਮੇਵਾਰ ਬਣੋ, ਵੋਟਰ ਬਣੋ

ਪੱਤਰ ਨੰ:ਚੋਣਾਂ-2026/ 39 ਮਿਤੀ: 22/1/26

ਵੱਲ,

1. ਜਿਲ੍ਹਾ ਸਿੱਖਿਆ ਅਫਸਰ, (ਸਕੈ.), ਬਠਿੰਡਾ, ਸ੍ਰੀ ਮੁਕਤਸਰ ਸਾਹਿਬ,ਬਰਨਾਲਾ, ਫਰੀਦਕੋਟ
2. ਜਿਲ੍ਹਾ ਸਿੱਖਿਆ ਅਫਸਰ, (ਐਲੀ.), ਬਠਿੰਡਾ
3. ਮੰਡਲ ਭੂਮੀ ਰੱਖਿਆ ਅਫ਼ਸਰ, ਫਿਰੋਜਪੁਰ
4. ਸਮੂਹ ਵਿਭਾਗਾਂ ਦੇ ਮੁੱਖੀ, ਬਠਿੰਡਾ

ਵਿਸ਼ਾ:- ਰਾਸ਼ਟਰੀ ਵੋਟਰ ਦਿਵਸ 25 ਜਨਵਰੀ 2026 ਮਨਾਉਣ ਸਬੰਧੀ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਮਾਨਯੋਗ ਭਾਰਤ ਚੋਣ ਕਮਿਸ਼ਨ, ਨਵੀ ਦਿੱਲੀ ਜੀ ਵੱਲੋ ਹੇਠ ਲਿਖੇ ਅਨੁਸਾਰ ਹਦਾਇਤਾ ਜਾਰੀ ਕਰਦੇ ਹੋਏ ਮਿਤੀ: 25-01-2026 ਨੂੰ 16ਵਾ ਰਾਸ਼ਟਰੀ ਵੋਟਰ ਦਿਵਸ ਜਿਲ੍ਹਾ ਪੱਧਰ ਅਤੇ ਵਿਧਾਨ ਸਭਾ ਹਲਕੇ ਅਧੀਨ ਪੈਂਦੇ ਪੋਲਿੰਗ ਬੂਥਾਂ ਤੇ ਮਨਾਇਆ ਜਾਣਾ ਹੈ ਜਿਸਦਾ ਥੀਮ ਕਮਿਸ਼ਨ ਵੱਲੋ "My India My Vote" with the tagline of Citizen at the Heart of Indian Democracy" ਜਾਰੀ ਕੀਤਾ ਗਿਆ ਹੈ।ਇਸ ਲਈ ਆਪ ਦੇ ਦਫ਼ਤਰ ਦੇ ਕਰਮਚਾਰੀ/ਅਧਿਕਾਰੀ ਜਿਨ੍ਹਾਂ ਦੀ ਡਿਊਟੀ ਬਤੌਰ ਬੀ.ਐਲ.ਓਜ/ਸੁਪਰਵਾਂਈਜ਼ਰ ਇਸ ਹਲਕਾ ਅਧੀਨ ਲੱਗੀ ਹੋਈ ਹੈ ਨੂੰ ਦਫ਼ਤਰ/ਸਕੂਲ ਦੇ ਕੰਮ ਤੋਂ ਛੋਟ ਦਿੱਤੀ ਜਾਵੇ ਤਾਂ ਜੋ ਮਾਨਯੋਗ ਭਾਰਤ ਚੋਣ ਕਮਿਸ਼ਨ ਜੀ ਵੱਲੋਂ ਜਾਰੀ ਕੀਤੀਆਂ ਗਈਆਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾ ਸਕੇ।

ਚੋਣਕਾਰ ਰਜਿਸਟਰੇਸ਼ਨ ਅਫਸਰ,
091-ਭੁੱਚੋ ਮੰਡੀ (ਅ.ਜ) ਵਿਧਾਨ ਸਭਾ ਹਲਕਾ
ਕਮ-ਸਕੱਤਰ ਰਿਜਨਲ ਟਰਾਂਸਪੋਰਟ ਅਥਾਰਟੀ,
ਬਠਿੰਡਾ।

ਪਿੱਠ ਅੰਕਣ ਨੰ: ਮਿਤੀ:

ਉਪਰੋਕਤ ਦਾ ਉਤਾਰਾ:-

1) ਜਿਲ੍ਹਾ ਚੋਣ ਅਫ਼ਸਰ, ਬਠਿੰਡਾ ਜੀ ਨੂੰ ਉਨ੍ਹਾਂ ਦੇ ਦਫ਼ਤਰ ਦੇ ਪੱਤਰ ਨੰ:ਚੋਣ-2026/128-33 ਮਿਤੀ: 21-01-2026 ਦੇ ਹਵਾਲੇ ਵਿੱਚ ਸੂਚਨਾਂ ਹਿੱਤ।

2) ਜਿਲ੍ਹਾ ਸਿੱਖਿਆ ਅਫ਼ਸਰ (ਸਕੈਂਡਰੀ/ਐਲੀਮੈਂਟਰੀ),ਬਠਿੰਡਾ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਜਿਨ੍ਹਾਂ ਬਿਲਡਿੰਗਾਂ ਵਿੱਚ 091-ਭੁੱਚੋ ਮੰਡੀ (ਅ.ਜ) ਵਿਧਾਨ ਸਭਾ ਹਲਕੇ ਦੇ ਬੂਥ ਬਣੇ ਹੋਏ ਹਨ ਉਨ੍ਹਾਂ ਬਿਲਡਿੰਗਾਂ ਨੂੰ ਖੁੱਲਾ ਰੱਖਿਆ ਜਾਵੇ ਅਤੇ ਬੀ.ਐਲ.ਓਜ/ਸੁਪਰਵਾਈਜ਼ਰ ਨੂੰ ਲੋੜੀਂਦਾ ਫਰਨੀਚਰ ਮੁਹੱਈਆ ਕਰਵਾਇਆ ਜਾਵੇ ਅਤੇ ਪੂਰਨ ਸਹਿਯੋਗ ਦਿੱਤਾ ਜਾਵੇ।

3) ਸਮੂਹ ਸੁਪਰਵਾਈਜ਼ਰ 091-ਭੁੱਚੋ ਮੰਡੀ (ਅ.ਜ) ਵਿਧਾਨ ਸਭਾ ਹਲਕਾ ਨੂੰ ਭੇਜ਼ ਕੇ ਲਿਖਿਆ ਜਾਂਦਾ ਹੈ ਕਿ ਰਾਸ਼ਟਰੀ ਵੋਟਰ ਦਿਵਸ ਮੌਕੇ ਆਪ ਦੇ ਅਧੀਨ ਕੰਮ ਕਰਦੇ ਸਮੂਹ ਬੀ.ਐਲ.ਓਜ਼ ਨੂੰ ਵੋਟਰ ਦਿਵਸ ਆਪਣੇ ਪੋਲਿੰਗ ਬੂਥ ਤੇ ਬੈਠ ਕੇ ਮਨਾਉਣ ਸਬੰਧੀ ਹਦਾਇਤਾਂ ਜਾਰੀ ਕਰ ਦਿੱਤੀਆਂ ਜਾਣ ਤੇ ਇਸ ਸਬੰਧੀ ਤਸਵੀਰਾਂ ਇਸ ਹਲਕੇ ਦੇ ਬਣੇ ਵਟਸਐਪ ਗਰੁੱਪ ਵਿੱਚ ਸਾਂਝੀਆਂ ਕੀਤੀਆਂ ਜਾਣ।

4) ਸਮੂਹ ਬੀ.ਐਲ.ਓ 091-ਭੁੱਚੋ ਮੰਡੀ (ਅ.ਜ) ਵਿਧਾਨ ਸਭਾ ਹਲਕਾ ਨੂੰ ਭੇਜ਼ ਕੇ ਲਿਖਿਆ ਜਾਦਾ ਹੈ ਕਿ ਮਿਤੀ: 25-01-2026 ਆਪ ਆਪਣੇ ਪੋਲਿੰਗ ਬੂਥਾਂ ਤੇ ਬੈਠ ਕੇ ਰਾਸ਼ਟਰੀ ਵੋਟਰ ਦਿਵਸ ਮਨਾਉਣਾਂ ਯਕੀਨੀ ਬਣਾਇਆ ਜਾਵੇ।ਇਸ ਦੇ ਨਾਲ ਹੀ ਹੇਠ ਲਿਖੀਆਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਪੱਤਰ ਨਾਲ ਨੱਥੀ ਕੀਤਾ ਗਿਆ ਵੋਟਰ ਪ੍ਰਣ ਵੋਟਰਾਂ ਦੀ ਹਾਜ਼ਰੀ ਵਿੱਚ ਪੜ੍ਹ ਕੇ ਸੁਣਾਇਆ ਜਾਵੇ।ਇਸ ਸਬੰਧੀ ਤਸਵੀਰੀ ਇਸ ਹਲਕੇ ਦੇ ਬਣਾਏ ਗਏ ਵਟਸਐਪ ਗਰੁੱਪ ਵਿੱਚ ਸਾਂਝੀਆਂ ਕੀਤੀਆਂ ਜਾਣ।

a) ਆਪ ਵੱਲੋਂ ਆਪਣੇ-ਆਪਣੇ ਪੋਲਿੰਗ ਬੂਥਾਂ ਤੇ 16ਵਾਂ ਰਾਸ਼ਟਰੀ ਵੋਟਰ ਦਿਵਸ ਨੂੰ ਸਮਰਪਿਤ ਇੱਕ ਸਮਾਗਮ ਕੀਤਾ ਜਾਵੇ ਜਿਸ ਵਿੱਚ ਨਵੇਂ ਵੋਟਰਾਂ ਨੂੰ ਸਨਮਾਨਿਤ ਕਰਦੇ ਹੋਏ ਐਪਿਕ ਕਾਰਡ ਦੀ ਵੰਡ ਕੀਤੀ ਜਾਵੇ।

b) ਸਮਾਂਗਮ ਵਿੱਚ ਹਾਜ਼ਰ ਹਰੇਕ ਵਿਅਕਤੀ ਵੱਲੋ ਵੋਟਰ ਪ੍ਰਣ ਲੈਣਾ ਯਕੀਨੀ ਬਣਾਇਆ ਜਾਵੇ ਅਤੇ ਵੋਟਰ ਪ੍ਰਣ ਦੀਆਂ ਕਾਪੀਆਂ ਪੰਜਾਬੀ/ਹਿੰਦੀ/ਅੰਗਰੇਜੀ ਭਾਸ਼ਾ ਵਿੱਚ ਵੋਟਰਾਂ ਨਾਲ ਵਟਸਐਪ ਗਰੁੱਪਾਂ ਰਾਂਹੀ ਸਾਂਝੀਆਂ ਕੀਤੀਆਂ ਜਾਣ।

ਨੋਟ:- ਇਸਤੋਂ ਇਲਾਵਾ ਭਾਗ ਨੰ: 22, 37, 38, 89, 122, 140, 143, 144, 148, 152, 153, 176, 178, 180 ਅਤੇ 199, ਦੇ 18-19 ਸਾਲ ਦੇ ਨਵੇਂ ਵੋਟਰਾਂ ਦੇ ਐਪਿਕ ਕਾਰਡ ਇਸ ਦਫ਼ਤਰ ਦੇ ਕਮਰਾ ਨੰ: 242-ਈ ਪਾਸੋ ਮਿਤੀ: 22-01-2026 ਨੂੰ ਸਵੇਰੇ 12.00 ਵਜੇ ਪ੍ਰਾਪਤ ਕਰ ਲਏ ਜਾਣ।

ਦਫ਼ਤਰ ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿ) ਬਠਿੰਡਾ
ਪਿੱਠ ਅੰਕਣ ਨੰ: ਜੀ-1/1/2026/ 6093 ਮਿਤੀ: 23/01/26

ਚੋਣਕਾਰ ਰਜਿਸਟਰੇਸ਼ਨ ਅਫਸਰ,
091-ਭੁੱਚੋ ਮੰਡੀ (ਅ.ਜ) ਵਿਧਾਨ ਸਭਾ ਹਲਕਾ
ਕਮ-ਸਕੱਤਰ ਰਿਜਨਲ ਟਰਾਂਸਪੋਰਟ ਅਥਾਰਟੀ,
ਬਠਿੰਡਾ।

ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁੱਖੀਆਂ ਨੂੰ, ਭੇਜ ਕੇ ਲਿਖਿਆ ਜਾਂਦਾ ਹੈ ਕਿ ਉਪਰੋਕਤ ਹਦਾਇਤਾਂ ਅਨੁਸਾਰ ਕਾਰਵਾਈ ਹਰ ਹਾਲਤ ਵਿੱਚ ਯਕੀਨੀ ਕੀਤਾ ਜਾਵੇ।

23/1/26
ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿ)
ਬਠਿੰਡਾ।